# *ਪ੍ਰੈਸ ਨੋਟ*
## *(ਫਿਰੋਜ਼ਪੁਰ ਪੁਲਿਸ)*

**ਮਿਤੀ 07 ਅਕਤੂਬਰ 2023**

ਜਿਲ੍ਹਾ ਪੁਲਿਸ ਫਿਰੋਜਪੁਰ ਵੱਲੋਂ ਐਨ.ਡੀ.ਪੀ.ਐਸ ਐਕਟ 1985 ਤਹਿਤ ਪਾਬੰਦੀ ਸ਼ੁਦਾ ਨਸ਼ੀਲੇ ਪਦਾਰਥਾਂ ਦਾ ਕਾਰੋਬਾਰ ਕਰਕੇ ਘਰਵਿੰਦਰ ਸਿੰਘ ਉਰਫ ਪ੍ਰਿੰਸ ਪੁੱਤਰ ਗੁਰਵਿੰਦਰ ਸਿੰਘ ਵਾਸੀ ਗੁਰੂ ਨਾਨਕ ਐਵਿਨਿਉ ਸਾਹਮਣੇ ਆਰ.ਐਸ.ਡੀ ਕਾਲਜ਼ ਫਿਰੋਜ਼ਪੁਰ ਸ਼ਹਿਰ ਦੀ **1,12,95,463/- ਰੁਪਏ ਦੀ** ਬਣਾਈ ਗਈ ਗੈਰ ਕਾਨੂੰਨੀ ਜਾਇਦਾਦ ਅ/ਧ 68-ਐਫ(2) ਐਨ.ਡੀ.ਪੀ.ਐਸ. ਐਕਟ 1985 ਤਹਿਤ ਫਰੀਜ਼ ਕਰਵਾਈ ਗਈ ਹੈ, **14 ਨਸ਼ਾ ਤਸਕਰਾਂ** ਦੀ ਗੈਰ ਕਾਨੂੰਨੀ ਜਾਇਦਾਦ ਦੇ ਫਰੀਜਿੰਗ ਆਰਡਰ ਅ/ਧ 68-ਐਫ ਐਨ.ਡੀ.ਪੀ.ਐਸ. ਐਕਟ 1985 ਤਹਿਤ ਤਿਆਰ ਕਰਕੇ ਕੰਪੀਟੈਂਟ ਅਥਾਰਿਟੀ ਨਵੀ ਦਿੱਲੀ ਪਾਸ ਭੇਜੇ ਜਾ ਚੁੱਕੇ ਹਨ, ਨਸ਼ਿਆ ਵਿਰੁੱਧ ਕਾਰਵਾਈ ਕਰਦੇ ਹੋਏ **15 ਹੋਰ ਨਸ਼ਾ ਤਸਕਰਾ** ਦੀ ਪ੍ਰਾਪਰਟੀ ਅਟੈਚ ਕਰਵਾਉਣ ਸਬੰਧੀ ਜਾਬਤੇ ਅਨੁਸਾਰ ਕਾਰਵਾਈ ਕੀਤੀ ਜਾ ਰਹੀ ਹੈ।

**ਸ਼੍ਰੀ ਦੀਪਕ ਹਿਲੌਰੀ, ਆਈ.ਪੀ.ਐੱਸ, ਸੀਨੀਅਰ ਕਪਤਾਨ ਪੁਲਿਸ, ਫਿਰੋਜਪੁਰ ਜੀ** ਵੱਲੋਂ ਪ੍ਰੈਸ ਨੂੰ ਜਾਣਕਾਰੀ ਦਿੰਦਿਆ ਦੱਸਿਆ ਕਿ ਪੰਜਾਬ ਸਰਕਾਰ ਅਤੇ ਮਾਨਯੋਗ ਡੀ.ਜੀ.ਪੀ. ਪੰਜਾਬ ਜੀ ਦੇ ਦਿਸ਼ਾਂ ਨਿਰਦੇਸ਼ਾ ਅਨੁਸਾਰ ਐਨ.ਡੀ.ਪੀ.ਐਸ ਐਕਟ 1985 ਤਹਿਤ ਪਾਬੰਦੀਸ਼ੁਦਾ ਨਸ਼ੀਲੇ ਪਦਾਰਥਾਂ ਦਾ ਕਾਰੋਬਾਰ ਕਰਨ ਵਾਲੇ ਵਿਅਕਤੀਆ ਪਰ ਪੂਰੀ ਤਰਾਂ ਠੱਲ ਪਾਉਣ ਲਈ ਹਰ ਸੰਭਵ ਕੋਸ਼ਿਸ ਕੀਤੀ ਜਾ ਰਹੀ ਹੈ। ਇਸ ਮੁਹਿਮ ਤਹਿਤ ਜਿਲ੍ਹਾ ਪੁਲਿਸ ਦੁਆਰਾ ਜਿਲ੍ਹਾ ਦੇ ਸਮੂਹ ਗਜਟਿਡ ਅਧਿਕਾਰੀਆ ਦੀ ਨਿਗਰਾਨੀ ਹੇਠ ਸਪੈਸ਼ਲ ਟੀਮਾਂ ਬਣਾਈਆਂ ਗਈਆਂ ਹਨ, ਜੋ ਮੁਸ਼ਤੈਦੀ ਨਾਲ ਪੂਰੇ ਏਰੀਆ ਅੰਦਰ ਮਾੜੇ ਅਨਸਰਾਂ ਖਿਲਾਫ ਕਾਰਵਾਈ ਕਰ ਰਹੀਆਂ ਹਨ।

**ਇਸ ਮੁਹਿੰਮ ਤਹਿਤ ਸ਼੍ਰੀ ਰਣਧੀਰ ਕੁਮਾਰ, ਆਈ.ਪੀ.ਐਸ, ਕਪਤਾਨ ਪੁਲਿਸ (ਇੰਨ:) ਫਿਰੋਜਪੁਰ, ਦੀ ਨਿਗਰਾਨੀ ਹੇਠ ਕੰਮ ਕਰ ਰਹੀ ਪੁਲਿਸ ਟੀਮਾਂ ਵੱਲੋਂ ਘਰਵਿੰਦਰ ਸਿੰਘ ਉਰਫ ਪ੍ਰਿੰਸ ਉਕਤ ਤੋਂ 59,400 ਗੋਲੀਆਂ ਕਲੋਵੀਡੋਲ-100 ਐਸ.ਆਰ ਬਰਾਮਦ ਹੋਣ ਤੇ ਇਸ ਦੇ ਖਿਲਾਫ ਮੁੱਕਦਮਾ ਨੰ. 90 ਮਿਤੀ 13-04-2021 ਅ/ਧ 22/61/85 ਐਨ.ਡੀ.ਪੀ.ਐਸ ਐਕਟ ਦਰਜ ਰਜਿਸਟਰ ਹੋਇਆ ਸੀ। ਜੋ ਇਸ ਸਮੇਂ ਜੇਰੇ ਸਮਾਇਤ ਅਦਾਲਤ ਹੈ।** ਘਰਵਿੰਦਰ ਸਿੰਘ ਉਰਫ ਪ੍ਰਿੰਸ ਪੁੱਤਰ ਗੁਰਵਿੰਦਰ ਸਿੰਘ ਵਾਸੀ ਗੁਰੂ ਨਾਨਕ ਐਵਿਨਿਉ ਸਾਹਮਣੇ ਆਰ.ਐਸ.ਡੀ ਕਾਲਜ਼ ਫਿਰੋਜ਼ਪੁਰ ਸ਼ਹਿਰ ਵੱਲੋਂ **ਐਨ.ਡੀ.ਪੀ.ਐਸ ਐਕਟ 1985 ਤਹਿਤ ਪਾਬੰਦੀ-ਸ਼ੁਦਾ ਨਸ਼ੀਲੇ ਪਦਾਰਥਾਂ ਦਾ ਕਾਰੋਬਾਰ ਕਰਕੇ** ਬਣਾਈ ਜਾਇਦਾਦ ਜਿਸ ਵਿੱਚ ਸ਼੍ਰੀ ਗਨੇਸ਼ ਇਨਕਲੇਵ ਸੋਢੇ ਵਾਲਾ ਰੋਡ ਵਿਖੇ ਘਰ ਜਿਸ ਦੀ ਕੀਮਤ **58,80,000**/- ਰੁਪਏ, ਗੁਰੂ ਨਾਨਕ ਇਨਕਲੇਵ ਸਾਹਮਣੇ ਆਰ.ਐਸ.ਡੀ ਕਾਲਜ਼ ਕੀਮਤ **51,88,500/-** ਰੁਪਏ, ਬੈਕ ਖਾਤਿਆ ਵਿੱਚ ਰਕਮ **2,26,963/-** ਰੁਪਏ ਹੈ।ਇਸ ਤਰਾਂ ਇਸ ਦੀ ਕੁੱਲ **1,12,95,463/- ਰੁਪਏ ਦੀ** ਬਣਾਈ ਗਈ ਗੈਰ ਕਾਨੂੰਨੀ ਜਾਇਦਾਦ ਅ/ਧ 68-ਐਫ(2) ਐਨ.ਡੀ.ਪੀ.ਐਸ. ਐਕਟ 1985

ਤਹਿਤ ਫਰੀਜ਼ ਕਰਵਾਈ ਗਈ ਹੈ, **ਇਹਨਾਂ ਹੁਕਮਾ ਤਹਿਤ ਅੱਜ ਮਿਤੀ 07-10-2023 ਨੂੰ ਹਲਕਾ ਡੀ.ਐੱਸ.ਪੀ ਸਿਟੀ ਫਿਰੋਜਪੁਰ, ਮੁੱਖ ਅਫਸਰ ਥਾਣਾ ਸਿਟੀ ਫਿਰੋਜਪੁਰ, ਵੱਲੋਂ ਫਰੀਜਿੰਗ ਦੇ ਆਰਡਰਾਂ ਨੂੰ** ਘਰਵਿੰਦਰ ਸਿੰਘ ਉਰਫ ਪ੍ਰਿੰਸ **ਉਕਤ ਦੇ ਘਰ ਦੇ ਬਾਹਰ ਚਿਪਕਾਇਆ ਗਿਆ ਹੈ।**

**ਇਸ ਤਰਾਂ ਸਾਲ 2023 ਦੌਰਾਨ ਨਸ਼ਾ ਤਸਕਰਾ ਵੱਲੋਂ** ਐਨ.ਡੀ.ਪੀ.ਐਸ ਐਕਟ 1985 ਤਹਿਤ ਪਾਬੰਦੀਸ਼ੁਦਾ ਨਸ਼ੀਲੇ ਪਦਾਰਥਾਂ ਦਾ ਕਾਰੋਬਾਰ ਕਰਕੇ **ਨਜਾਇਜ ਸਾਧਨਾਂ ਰਾਹੀ ਬਣਾਈ** ਗਈ **09 ਕੇਸਾਂ ਦੀ ਕੁੱਲ 6,05,05,693/- ਰੁਪਏ ਦੀ** ਗੈਰ ਕਾਨੂੰਨੀ ਜਾਇਦਾਦ **ਨੂੰ ਫਰੀਜ਼ ਕਰਵਾਈ ਜਾ ਚੁੱਕਾ ਹੈ।** ਜਿਸ ਕਰਕੇ ਸਬੰਧਿਤ ਨਸ਼ਾ ਤਸਕਰ ਹੁਣ ਇਸ ਗੈਰ-ਕਾਨੂੰਨੀ ਜਾਇਦਾਦ ਨੂੰ ਕਿਸੇ ਵੀ ਵਿਅਕਤੀ ਨੂੰ ਵੇਚ/ਟਰਾਂਸਫਰ ਨਹੀ ਕਰ ਸਕਦੇ।

**14 ਨਸ਼ਾ ਤਸਕਰਾਂ** ਦੀ ਗੈਰ ਕਾਨੂੰਨੀ ਜਾਇਦਾਦ ਦੇ ਫਰੀਜਿੰਗ ਆਰਡਰ ਅ/ਧ 68-ਐਫ ਐਨ.ਡੀ.ਪੀ.ਐਸ. ਐਕਟ 1985 ਤਹਿਤ ਤਿਆਰ ਕਰਕੇ ਕੰਪੀਟੈਂਟ ਅਥਾਰਿਟੀ ਨਵੀ ਦਿੱਲੀ ਪਾਸ ਭੇਜੇ ਜਾ ਚੁੱਕੇ ਹਨ।

ਇਸ ਤੋਂ ਇਲਾਵਾ ਨਸ਼ਿਆ ਵਿਰੁੱਧ ਕਾਰਵਾਈ ਕਰਦੇ ਹੋਏ **15 ਹੋਰ ਨਸ਼ਾ ਤਸਕਰਾ** ਦੀ ਪ੍ਰਾਪਰਟੀ **ਜਬਤ** ਕਰਵਾਉਣ ਸਬੰਧੀ ਜਾਬਤੇ ਅਨੁਸਾਰ ਕਾਰਵਾਈ ਕੀਤੀ ਜਾ